# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 15-11-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਜਨਜਾਤੀ ਗੌਰਵ ਦਿਵਸ ਦੇ ਮੌਕੇ 'ਤੇ 6,600 ਕਰੋੜ ਰੁਪਏ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। ਉਨ੍ਹਾਂ ਨੇ ਧਰਤੀ ਆਬਾ ਭਗਵਾਨ ਬਿਰਸਾ ਮੁੰਡਾ ਦੇ 150ਵੇਂ ਜਨਮ ਦਿਨ ਦੇ ਜਸ਼ਨਾਂ ਦੀ ਸ਼ੁਰੂਆਤ ਵੀ ਕੀਤੀ । ਸ੍ਰੀ ਮੋਦੀ ਨੇ ਭਗਵਾਨ ਬਿਰਸਾ ਮੁੰਡਾ ਦੇ ਜੀਵਨ, ਅਮੀਰ ਆਦਿਵਾਸੀ ਵਿਰਸੇ ਤੇ ਸੱਭਿਆਚਾਰ ’ਤੇ ਆਧਾਰਤ ਪ੍ਰਦਰਸ਼ਨੀ ਦਾ ਉਦਘਾਟਨ ਵੀ ਕੀਤਾ। ਪ੍ਰਧਾਨ ਮੰਤਰੀ ਨੇ ਜਮੁਈ ਤੋਂ ਵਰਚੁਅਲ ਮੋਡ ਵਿੱਚ ਪੀਐਮ-ਜਨਮਨ ਮੁਹਿੰਮ ਦੇ ਤਹਿਤ ਬਣਾਏ ਗਏ 11,000 ਘਰਾਂ ਦੇ ਗ੍ਰਹਿ ਪ੍ਰਵੇਸ਼ ਵਿੱਚ ਵੀ ਸ਼ਿਰਕਤ ਕੀਤੀ ।

---------------------------------------------------------------

ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਪ੍ਰਕਾਸ਼ ਪੁਰਬ, ਅੱਜ

ਦੇਸ਼ ਭਰ ਵਿਚ ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ। ਸ੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਆਗਮਨ ਪੁਰਬ ਮੌਕੇ ਸ੍ਰੀ ਹਰਿਮੰਦਰ ਸਾਹਿਬ ਅੰਮਿਤਸਰ ਵਿਚ ਰੌਣਕਾਂ ਦੇਖਣ ਨੂੰ ਮਿਲ ਰਹੀਆਂ ਨੇ। ਅੱਜ ਤੜਕਸਾਰ ਤੋਂ ਦੇਸ਼ -ਵਿਦੇਸ਼ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਸ੍ਰੀ ਦਰਬਾਰ ਸਾਹਿਬ ਵਿਖੇ ਪੁੱਜਣੀਆਂ ਸ਼ੁਰੂ ਹੋ ਗਈਆਂ । ਸੰਗਤ ਨੇ ਘੰਟਿਆਂਬੱਧੀ ਕਤਾਰਾਂ ਵਿਚ ਖੜੇ ਹੋ ਕੇ, ਸ੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਿਆ। ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਅੱਜ ਸਵੇਰੇ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਪਰਸੋਂ ਤੋ ਅਰੰਭੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਤੋਂ ਬਾਅਦ ਸਵੇਰੇ 8.30 ਵਜੇ ਤੋਂ ਦੁਪਹਿਰ 12 ਵਜੇ ਤਕ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਅਤੇ ਗੁਰਦੁਆਰਾ ਬਾਬਾ ਅੱਟਲ ਰਾਏ ਵਿਖੇ ਜਲੌਅ ਸਜਾਏ ਗਏ। ਇਸੇ ਦੌਰਾਨ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਧਾਰਮਿਕ ਦੀਵਾਨ ਸਜਾਏ ਜਾ ਰਹੇ ਨੇ। ਸ਼ਾਮ ਵੇਲੇ ਸ੍ਰੀ ਦਰਬਾਰ ਸਾਹਿਬ ਵਿਖੇ ਦੀਪਮਾਲਾ ਤੇ ਆਤਿਸ਼ਬਾਜ਼ੀ ਕੀਤੀ ਜਾਣੀ ਏ।

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਲੋਕਾਂ ਨੂੰ ਸਖ਼ਤ ਮਿਹਨਤ ਦੇ ਆਧਾਰ 'ਤੇ ਅਧਿਆਤਮਕਤਾ ਦਾ ਮਾਰਗ ਅਤੇ ਸੱਚ, ਸੰਤੋਖ, ਦਿਆਲਤਾ ਅਤੇ ਪਿਆਰ 'ਤੇ ਅਧਾਰਤ ਸਮਾਜ ਦਾ ਨਿਰਮਾਣ ਕਰਨਾ ਸਿਖਾਇਆ ਏ । ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਲੋਕਾਂ ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿਤੀ ਏ । ਉਨ੍ਹਾਂ ਨੇ ਲੋਕਾਂ ਨੂੰ ਸ੍ਰੀ ਗੁਰੂ ਨਾਨਕ ਸਾਹਿਬ ਵਲੋਂ ਦਿਖਾਏ ਸੱਚ, ਸਦਭਾਵਨਾ ਅਤੇ ਸਾਰੇ ਜੀਵਾਂ ਦੀ ਏਕਤਾ ਦੇ ਸਿਧਾਂਤਾਂ ਨੂੰ ਅਪਨਾਉਣ ਲਈ ਕਿਹਾ ਏ। ਇਸੇ ਤਰਾਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਲੋਕਾਂ ਨੂੰ ਦਇਆ, ਦਇਆ ਅਤੇ ਨਿਮਰਤਾ ਦੀ ਭਾਵਨਾ ਨੂੰ ਅੱਗੇ ਵਧਾਉਣ ਲਈ ਪ੍ਰੇਰਿਤ ਕਰਦੀਆਂ ਨੇ ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਦੇਸ਼-ਵਿਦੇਸ਼ 'ਚ ਵਸਦੇ ਪੰਜਾਬੀਆਂ ਨੂੰ ਵਧਾਈ ਦਿੱਤੀ ਏ। ਮੁੱਖ ਮੰਤਰੀ ਨੇ ਲੋਕਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਸੇਵਾ ਅਤੇ ਨਿਮਰਤਾ ਦੇ ਦਿਖਾਏ ਮਾਰਗ ਉਤੇ ਚੱਲਣ ਅਤੇ ਸ਼ਾਂਤਮਈ, ਖੁਸ਼ਹਾਲ ਤੇ ਸਿਹਤਮੰਦ ਸਮਾਜ ਦੀ ਸਿਰਜਣਾ ਲਈ ਯਤਨ ਕਰਨ ਦੀ ਅਪੀਲ ਕੀਤੀ ਏ|

---------------------------------------------------------------

ਪਹਾੜਾਂ ’ਤੇ ਬਰਫ਼ਬਾਰੀ ਤੋਂ ਬਾਅਦ ਚੰਡੀਗੜ੍ਹ ਤੇ ਪੰਜਾਬ ਦੇ ਤਾਪਮਾਨ ਵਿਚ ਬਦਲਾਅ ਦੇਖਣ ਨੂੰ ਮਿਲ ਰਿਹਾ ਏ। ਰਾਤ ਦੇ ਨਾਲ-ਨਾਲ ਦਿਨ ਦਾ ਤਾਪਮਾਨ ਵੀ ਡਿੱਗ ਚੁਕਾ ਏ। ਪਾਕਿਸਤਾਨ-ਅਫਗਾਨਿਸਤਾਨ ਸਰਹੱਦ ’ਤੇ ਪੈਦਾ ਹੋਏ ਚੱਕਰਵਾਤ ਦਾ ਅਸਰ ਪੰਜਾਬ ’ਤੇ ਵੀ ਪੈ ਰਿਹਾ ਏ। ਮੌਸਮ ਵਿਭਾਗ ਨੇ ਅੱਜ ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ ਤੇ ਪਠਾਨਕੋਟ ਵਿਚ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਦਸੀ ਏ। ਇਸ ਤੋਂ ਇਲਾਵਾ ਪੰਜਾਬ ਤੇ ਚੰਡੀਗੜ੍ਹ ਵਿਚ ਧੁੰਦ ਦਾ ਅਲਰਟ ਜਾਰੀ ਕੀਤਾ ਗਿਆ ਏ। ਧੁੰਦ ਕਾਰਨ ਅੱਜ ਵੀ ਅੰਮ੍ਰਿਤਸਰ ਹਵਾਈ ਅੱਡੇ ਤੋਂ ਸਵੇਰੇ 8

ਵਜੇ ਤੱਕ ਕੋਈ ਉਡਾਣ ਨਹੀਂ ਆ-ਜਾ ਸਕੀ। 4 ਉਡਾਣਾਂ ਦਾ ਸਮਾਂ ਬਦਲ ਦਿਤਾ ਗਿਆ ਏ। ਮੌਸਮ ਵਿਭਾਗ ਮੁਤਾਬਕ ਪੰਜਾਬ ਵਿਚ 17 ਨਵੰਬਰ ਤੱਕ ਧੁੰਦ ਦਾ ਅਸਰ ਦੇਖਣ ਨੂੰ ਮਿਲੇਗਾ।

-----------------------------------------------------

ਜਲੰਧਰ ਦਿਹਾਤੀ ਪੁਲਿਸ ਨੇ 10 ਅਪਰਾਧੀਆਂ ਨੂੰ ਗ੍ਰਿਫ਼ਤਾਰ ਕਰ ਕੇ ਯੂ.ਕੇ. ਅਧਾਰਤ ਜਬਰੀ ਵਸੂਲੀ ਵਾਲੇ ਸਿੰਡੀਕੇਟ ਸਮੇਤ ਦੋ ਵੱਖ-ਵੱਖ ਅਪਰਾਧਿਕ ਗਿਰੋਹਾਂ ਦਾ ਪਰਦਾਫਾਸ਼ ਕੀਤਾ ਏ। ਜਲੰਧਰ ਵਿਚ ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਇਹ ਜਾਣਕਾਰੀ ਦਿੱਤੀ ਏ। ਡੀਜੀਪੀ ਗੌਰਵ ਯਾਦਵ ਨੇ ਦਸਿਆ ਕਿ ਇਹ ਸਿੰਡੀਕੇਟ ਸਰਹੱਦ ਪਾਰੋਂ ਕਾਰਵਾਈਆਂ ਨੂੰ ਅੰਜਾਮ ਦਿੰਦਾ ਸੀ ਅਤੇ ਇਸ ਦੇ ਸੰਚਾਲਕ ਯੂ.ਕੇ., ਗ੍ਰੀਸ ਤੇ ਮਨੀਲਾ ਵਿਚ ਮੌਜੂਦ ਨੇ। ਐਸ.ਐਸ.ਪੀ. ਜਲੰਧਰ ਦਿਹਾਤੀ ਹਰਕਮਲਪ੍ਰੀਤ ਸਿੰਘ ਖੱਖ ਨੇ ਦੱਸਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ। ਵਿਅਕਤੀਆਂ ਦੀ ਪਛਾਣ ਅਮਨਦੀਪ ਸਿੰਘ ਅਮਨ ਵਾਸੀ ਬਿੱਲੀ ਬੜੈਚ, ਜਗਵਿੰਦਰ ਸਿੰਘ ਸ਼ਨੀ ਵਾਸੀ ਮੂਲੇਵਾਲ ਖਹਿਰਾ ਅਤੇ ਜਸਕਰਨ ਸਿੰਘ ਸਾਰਾ ਵਾਸੀ ਸਿੱਧਵਾਂ ਦੋਨਾ ਵਜੋਂ ਹੋਈ ਏ। ਪੁੱਛਗਿੱਛ

ਦੌਰਾਨ ਮੁਲਜ਼ਮਾਂ ਨੇ ਖੁਲਾਸਾ ਕੀਤਾ ਏ ਕਿ ਇਹ ਕਾਰਵਾਈਆਂ ਯੂ.ਕੇ. ਅਧਾਰਤ ਸਰਗਣਾ ਜਗਦੀਪ ਸਿੰਘ ਉਰਫ ਜੱਗਾ, ਗ੍ਰੀਸ ਅਧਾਰਤ ਪਰਮਜੀਤ ਸਿੰਘ ਪੰਮਾ ਵੱਲੋਂ ਦਿੱਤੀ ਜਾਣ ਵਾਲੀ ਵਿੱਤੀ ਮਦਦ ਅਤੇ ਮਨੀਲਾ ਅਧਾਰਤ ਮਨਜਿੰਦਰ ਸਿੰਘ ਮਨੀ ਦੀਆਂ ਹਦਾਇਤਾਂ ਤੇ ਚਲਾਈਆਂ ਜਾ ਰਹੀਆਂ ਸਨ। ਇਸ ਗਿਰੋਹ ਨੇ ਪਿਛੇ ਜਿਹੇ ਆਪਣੇ ਵਿਦੇਸ਼ੀ ਹੈਂਡਲਰਾਂ ਦੇ ਕਹਿਣ 'ਤੇ ਮੱਧ ਪ੍ਰਦੇਸ਼ ਦੇ ਖਰਗੋਨ ਸ਼ਹਿਰ ਤੋਂ ਪਿਸਤੌਲਾਂ ਖ਼ਰੀਦੀਆਂ ਸਨ। ਪੁਲਿਸ ਟੀਮ ਨੇ ਗਿਰੋਹ ਦੇ ਤਿੰਨ ਹੋਰ ਮੈਂਬਰਾਂ ਦੀ ਪਛਾਣ ਅਜੈ ਕੁਮਾਰ ਬਿੱਲਾ ਵਾਸੀ ਸ਼ਾਹਜਹਾਨਪੁਰ, ਵਿਸ਼ਾਲ ਵਾਸੀ ਸੀਨਪੁਰਾ, ਕਪੂਰਥਲਾ ਤੇ ਦੋਨੇਵਾਲ ਦੇ ਇੱਕ ਨਾਬਾਲਗ ਵਜੋਂ ਕੀਤੀ ਹੈ। ਇਨਾਂ ਦੇ ਕਬਜ਼ੇ 'ਚੋਂ ਇੱਕ ਪਿਸਤੌਲ ਸਮੇਤ ਤਿੰਨ ਕਾਰਤੂਸ ਅਤੇ ਇਕ ਸਕੂਟਰ ਬਰਾਮਦ ਕੀਤੇ ਗਏ ਹਨ। ਐਸਐਸਪੀ ਖੱਖ ਮੁਤਾਬਕ ਸੀਆਈਏ ਸਟਾਫ਼ ਜਲੰਧਰ ਦਿਹਾਤੀ ਨੇ ਇੱਕ ਹੋਰ ਖ਼ੌਫ਼ਨਾਕ ਗਰੋਹ ਦੇ ਚਾਰ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਏ।